# ਸੋਮਵਾਰ 24 ਦਸੰਬਰ 2018 ਤੋਂ ਐਤਵਾਰ 30 ਦਸੰਬਰ 2018 ਤੱਕ

- **24.12.18 ਸੋਮਵਾਰ:-** **Funeral S Naranjan Singh Kalirai Antim Ardass at 1PM -3 PM**
- **26.12.18 ਬੁੱਧਵਾਰ: -**
- **4.30 ਵਜ਼ੇ:-** ਸਾਧ ਸੰਗਤ ਵੱਲੋਂ ਸ਼ਹੀਦ ਸ ਊਧਮ ਸਿੰਘ ਜੀ ਦੇ ਜਨਮ ਦਿਨ ਦੇ ਸਬੰਧ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ 4.30 ਵਜ਼ੇ ਹੋਣਗੇ , ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜ਼ੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ
- **27.12.18 ਵੀਰਵਾਰ:- 11.00 ਵੱਜੇ**:- ਸ ਗੁਰਦੇਵ ਸਿੰਘ ਬਰਨ ਅਤੇ ਪਰਿਵਾਰ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।
- **6.00 ਵੱਜੇ :-** ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

**28.12.18 ਸ਼ੁਕਰਵਾਰ:- 10.00 ਵਜ਼ੇ:-** ਸਾਧ ਸੰਗਤ ਵੱਲੋ  ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦੇ ਸਬੰਧ ਵਿੱਚ ਸ੍ਰੀ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ।

- **ਦੇਗ ਦੀ ਸੇਵਾ:-** ਗੁਪਤ ਪਰਿਵਾਰ ਵੱਲੋਂ ਹੋਵੇਗੀ।

**29.12.18 ਸ਼ਨਿਚਰਵਾਰ: - 4.00 ਵਜ਼ੇ:-** ਸ਼ਾਮ ਨੂੰ ਬੀਬੀਆਂ ਸਿਮਰਨ ਕਰਨਗੀਆਂ।

- **ਦੇਗ ਦੀ ਸੇਵਾ:-** ਗੁਪਤ ਪਰਿਵਾਰ ਵੱਲੋਂ ਹੋਵੇਗੀ।

- **30.12.18 ਐਤਵਾਰ:-**
  **10.00 ਵਜ਼ੇ: -** ਸਾਧ ਸੰਗਤ ਵੱਲੋਂ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦੇ ਸਬੰਧ ਵਿੱਚ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 10.00 ਵਜ਼ੇ ਪੈਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ, ਸਤਿਕਾਰਯੋਗ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ।
- **ਦੇਗ ਦੀ ਸੇਵਾ:-** ਗੁਪਤ ਪਰਿਵਾਰ ਵੱਲੋਂ ਹੋਵੇਗੀ।
- 30 December Younger Sahibzade's Martydom (Holiday in Punjabi school)

- **ਸਾਕਾ ਸਰਹਿੰਦ**

- ਸਾਰ ਵਿੱਚ ਉਹ ਕੌਮਾਂ ਕਦੇ ਵੀ ਜਿੰਦਾ ਨਹੀਂ ਰਹਿ ਸਕਦੀਆਂ, ਜਿਨ੍ਹਾਂ ਕੌਮਾਂ ਵਿੱਚ ਕੁਰਬਾਨੀ ਦਾ ਜਜ਼ਬਾ ਨਾ ਹੋਵੇ। ਜਿਨ੍ਹਾਂ ਕੌਮਾਂ ਕੋਲ ਕੁਰਬਾਨੀਆਂ ਹੋਇਆ ਕਰਦੀਆਂ ਹਨ, ਉਹ ਕੌਮਾਂ ਸੰਸਾਰ ਅੰਦਰ ਸੂਰਜ ਦੀ ਤਰ੍ਹਾਂ ਚਮਕਦੀਆਂ ਹਨ। ਸੰਸਾਰ ਵਿੱਚ ਸਿੱਖ ਕੌਮ ਦੂਜੀਆਂ ਕੌਮਾਂ ਨਾਲੋਂ ਵੱਖਰੀ ਹੈ ਕਿਉਂਕਿ ਸਿੱਖ ਕੌਮ ਕੋਲ ਕੁਰਬਾਨੀ ਭਰੇ ਉਹ ਸਾਕੇ ਹਨ, ਜਿਨ੍ਹਾਂ ਦੀ ਮਿਸਾਲ ਸੰਸਾਰ ਦੇ ਇਤਿਹਾਸ ਵਿੱਚ ਕਿਧਰੇ ਨਹੀਂ ਮਿਲਦੀ। ਇਨ੍ਹਾਂ ਵਿੱਚੋਂ ਹੀ 'ਸਾਕਾ ਸਰਹਿੰਦ' ਜਾਂ 'ਨਿੱਕੀਆਂ ਜਿੰਦਾਂ ਵੱਡਾ ਸਾਕਾ' ਇੱਕੋ ਇੱਕ ਅਜਿਹਾ ਸਾਕਾ ਹੈ, ਜਿਸ ਵਿੱਚ ਕੇਵਲ 7 ਤੇ 9 ਸਾਲ ਦੀਆਂ ਉਹ ਮਹਾਨ ਆਤਮਾਵਾਂ ਨੇ ਵਜ਼ੀਰ ਖਾਂ ਦੀ ਕਚਹਿਰੀ ਵਿੱਚ ਅਣਖ਼ ਅਤੇ ਗ਼ੈਰਤ ਦਾ ਅਜਿਹਾ ਸਬੂਤ ਦਿੱਤਾ ਜਿਸ ਦੀ ਮਿਸਾਲ ਦੁਨੀਆ ਦੇ ਇਤਿਹਾਸ ਵਿੱਚ ਕਿਧਰੇ ਵੀ ਵੇਖਣ ਨੂੰ ਨਹੀਂ ਮਿਲਦੀ। ਅੱਜ ਵੀ ਇਸ ਸਾਕੇ ਤੋਂ ਰੋਸ਼ਨੀ ਲੈ ਕੇ ਗੁਰੂ ਨਾਨਕ ਨਾਮ ਲੇਵਾ ਸਿੱਖ ਜਿਥੇ ਵੀ ਵੱਸਦਾ ਹੈ, ਆਪਣੇ ਧਰਮ ਲਈ, ਮਾਨਵਤਾ ਦੇ ਲਈ ਮਰ ਮਿਟਣ ਲਈ ਹਮੇਸ਼ਾ ਤਿਆਰ ਰਹਿੰਦਾ ਹੈ।
  ਮੈਦਾਨ-ਏ-ਜੰਗ ਵਿੱਚ ਸਰਸਾ ਦੇ ਕੰਢੇ ਤੋਂ ਜਦੋਂ ਸਾਹਿਬੇ ਕਮਾਲ ਚੋਜੀ ਪ੍ਰੀਤਮ ਗੁਰੂ ਗੋਬਿੰਦ ਸਿੰਘ ਦਾ ਪਰਿਵਾਰ ਤਿੰਨ ਹਿੱਸਿਆਂ ਵਿੱਚ ਵੰਡਿਆ ਗਿਆ। ਗੱਲ ਜ਼ਰੂਰ ਨੋਟ ਕਰਨੀ ਕਿ ਜੇ ਗੁਰੂ ਪਾਤਸ਼ਾਹ ਚਾਹੁੰਦੇ ਤਾਂ ਕੀ ਇੱਥੇ ਆਪਣੇ ਪਰਿਵਾਰ ਨੂੰ ਬਚਾ ਕੇ ਨਹੀਂ ਰੱਖ ਸਕਦੇ ਸਨ? ਬਿਲਕੁਲ ਰੱਖ ਸਕਦੇ ਸਨ ਪਰ ਸੰਸਾਰ ਨੂੰ ਇੱਕ ਮਿਸਾਲ ਦੇਣੀ ਸੀ ਕਿ ਗੁਰੂ ਦਾ ਸਿੱਖ ਭਾਵੇਂ 7 ਤੇ 9 ਸਾਲ ਦੀ ਉਮਰ ਦਾ ਹੋਵੇ, ਭਾਵੇਂ ਉਹ ਬੁਢੜੀ ਮਾਤਾ, ਬਿਰਧ ਹੋਵੇ, ਭਾਵੇਂ ਗੁਰੂ ਕੇ ਮਹਿਲ ਹੋਣ ਜਾਂ ਗੁਰੂ ਪਾਤਸ਼ਾਹ ਆਪ ਹੋਣ ਜਾਂ ਫਿਰ ਭਾਵੇਂ ਗਿਣਤੀ ਦੇ ਭੁੱਖੇ-ਭਾਣੇ 40 ਸਿੰਘ ਹੋਣ ਸਿੱਖੀ ਸਿਧਾਂਤ ਵਾਸਤੇ ਜੂਝ ਕੇ ਮਰਨਾ ਪਵੇਗਾ।
  ਜਦ ਪਰਿਵਾਰ ਤਿੰਨ ਹਿੱਸਿਆਂ ਵਿੱਚ ਵੰਡਿਆ ਗਿਆ ਅਤੇ ਫਿਰ ਕਦੇ ਵੀ ਮੇਲ ਨਾ ਹੋ ਸਕਿਆ ਤਾਂ ਪਰਿਵਾਰ ਨਾਲੋਂ ਵੱਖ ਹੋਏ ਛੋਟੇ ਸਾਹਿਬਜ਼ਾਦਿਆਂ ਨੂੰ ਗੰਗੂ ਰਸੋਈਆ ਆਪਣੇ ਪਿੰਡ ਲੈ ਗਿਆ ਅਤੇ ਲਾਲਚ ਵੱਸ ਆ ਕੇ ਛੋਟੇ ਸਾਹਿਬਜ਼ਾਦਿਆਂ ਦੀ ਸੂਹ ਸਮੇਂ ਦੀ ਜ਼ਾਲਮ ਸਰਕਾਰ ਨੂੰ ਦੇ ਦਿੱਤੀ ਜਿਸ ਦੀ ਬਦੌਲਤ ਮਾਤਾ ਗੁਜਰੀ ਅਤੇ ਮਾਸੂਮ ਜਿੰਦਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਇਹ 21-22 ਦਸੰਬਰ ਦੀ ਠੰਢੀ ਰਾਤ ਸੀ ਜਦ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਨੂੰ ਠੰਢੇ ਬੁਰਜ ਅੰਦਰ ਕੈਦ ਕੀਤਾ ਗਿਆ ਸੀ।

ਜਦੋਂ ਅਗਲੇ ਦਿਨ ਮਾਸੂਮ ਜਿੰਦਾਂ ਨੂੰ ਵਜ਼ੀਰ ਖਾਂ ਦੀ ਕਚਹਿਰੀ ਅੰਦਰ ਪੇਸ਼ ਕੀਤਾ ਜਾਣ ਲੱਗਾ ਤਾਂ ਉਸ ਵਜ਼ੀਰ ਖਾਂ ਨੇ ਸ਼ਰਾਰਤ ਨਾਲ ਕਿਲ੍ਹੇ ਦਾ ਵੱਡਾ ਦਰਵਾਜ਼ਾ ਬੰਦ ਕਰਵਾ ਦਿੱਤਾ ਅਤੇ ਛੋਟੀ ਖਿੜਕੀ ਖੋਲ੍ਹ ਦਿੱਤੀ ਤਾਂ ਕਿ ਜਦ ਛੋਟੇ ਸਾਹਿਬਜ਼ਾਦੇ ਅੰਦਰ ਆਉਣਗੇ ਤਾਂ ਉਹਨਾਂ ਦਾ ਸੀਸ ਝੁਕ ਜਾਵੇਗਾ ਅਤੇ ਅਸੀਂ ਤਾੜੀ ਮਾਰ ਕੇ ਆਖਾਂਗੇ ਕਿ 'ਗੁਰੂ ਦਾ ਸਿੱਖ ਝੁੱਕ ਗਿਆ।' ਪਰ, ਇਸ ਦੇ ਉਲਟ ਜਦ ਸਾਹਿਬਜ਼ਾਦੇ ਅੰਦਰ ਪ੍ਰਵੇਸ਼ ਕਰਨ ਲੱਗੇ ਤਾਂ ਪਹਿਲਾਂ ਖਿੜਕੀ ਰਾਹੀਂ ਆਪਣੇ ਪੈਰ ਰੱਖੇ ਫਿਰ ਸੀਸ ਅਤੇ ਛਾਤੀ ਤਾਨ ਕੇ ਗੱਜ ਕੇ ਫਤਹਿ ਬੁਲਾ ਦਿੱਤੀ। ਕੋਲ ਖੜ੍ਹਾ ਸੁੱਚਾ ਨੰਦ ਕਹਿਣ ਲੱਗਾ, ਓਏ! ਇਹ ਤੁਹਾਡੇ ਗੁਰੂ ਗੋਬਿੰਦ ਸਿੰਘ ਦਾ ਦਰਬਾਰ ਨਹੀਂ। ਇਹ ਸੂਬਾ ਸਰਹੰਦ ਵਜ਼ੀਰ ਖਾਂ ਦੀ ਕਚਹਿਰੀ ਹੈ, ਝੁੱਕ ਕੇ ਸਲਾਮ ਕਰੋ।" ਤਾਂ ਸਾਹਿਬਜ਼ਾਦਿਆਂ ਦਾ ਜੁਆਬ ਸੀ, ਸਾਨੂੰ ਪਤਾ ਹੈ, ਪਰ ਇਹ ਗੁਰੂ ਘਰ ਦਾ ਸਿਧਾਂਤ ਹੈ ਕਿ ਜਿੱਥੇ ਵੀ ਜਾਣਾ ਹੈ ਗੱਜ ਕੇ ਫ਼ਤਹਿ ਹੀ ਬੁਲਾਉਣੀ ਹੈ।

ਵਜ਼ੀਰ ਖਾਂ ਦੀ ਕਚਹਿਰੀ ਦੇ ਅੰਦਰ ਕਹਿੰਦੇ ਨੇ ਜੇਕਰ ਕਿਸੇ ਦਾ ਈਮਾਨ ਡੁਲ੍ਹਾਉਣਾ ਹੋਵੇ ਤਾਂ ਤਿੰਨ ਤਰੀਕਿਆਂ ਨਾਲ ਡੁਲ੍ਹਾਇਆ ਜਾਂਦਾ ਹੈ । ਪਹਿਲਾਂ ਕਿਸੇ ਨੂੰ ਬਹੁਤਾ ਪਿਆਰ ਕਰ ਲਵੋ ਤਾਂ ਉਹ ਡੋਲ੍ਹ ਜਾਂਦਾ ਹੈ। ਦੂਜਾ ਲਾਲਚ ਨਾਲ ਅਤੇ ਤੀਜਾ ਡਰਾਵਾ ਦੇ ਕੇ। ਇਹ ਤਿੰਨੇ ਤਰੀਕੇ ਗੁਰੂ ਕੇ ਲਾਲਾਂ 'ਤੇ ਵੀ ਅਜ਼ਮਾਏ ਗਏ।

ਪਹਿਲਾਂ ਬੱਚਿਆਂ ਨੂੰ ਬੜੇ ਪਿਆਰ ਨਾਲ ਕਿਹਾ ਗਿਆ ਕਿ, 'ਬੱਚਿਓ ! ਤੁਸੀਂ ਬੜੇ ਮਾਸੂਮ ਹੋ, ਨਿੱਕੀਆਂ ਜਿੰਦਾਂ ਹੋ, ਤੁਹਾਨੂੰ ਕੋਹ-ਕੋਹ ਕੇ ਮਾਰ ਦਿੱਤਾ ਜਾਵੇਗਾ, ਇਸ ਲਈ ਜਿੰਦਗੀ ਜਿਊਣ ਲਈ ਸਿੱਖੀ ਦਾ ਤਿਆਗ ਕਰ ਦਿਉ।" ਅੱਗੋਂ ਸਾਹਿਬਜ਼ਾਦੇ ਕਹਿਣ ਲੱਗੇ :

ਦਸਮੇਸ਼ ਪਿਤਾ ਦੇ ਬੱਚੜੇ ਹਾਂ, ਭਾਗਾਂ ਵਾਲੀ ਮਾਂ ਦੇ ਜਣੇ ਹੋਏ ਹਾਂ,

ਉਤੋਂ ਮੱਖਣ ਵਰਗਾ ਮਾਹੌਲ ਨਾ ਸਮਝੀਂ, ਅੰਦਰੋਂ ਫੌਲਾਦ ਦੇ ਬਣੇ ਹੋਏ ਹਾਂ।" ਤਾਂ ਵਜ਼ੀਰ ਖਾਂ ਕਹਿਣ ਲੱਗਾ, ਤੁਸੀਂ ਜੇਕਰ ਮੇਰੀ ਗੱਲ ਨਾ ਮੰਨੀ ਤਾਂ ਤੁਹਾਨੂੰ ਸ਼ਹੀਦ ਕਰ ਦਿੱਤਾ ਜਾਵੇਗਾ" ਤਾਂ ਗੁਰੂ ਕੇ ਲਾਲ ਕਹਿਣ ਲੱਗੇ, ਇਹ ਸ਼ਹਾਦਤਾਂ ਦਾ ਡਰ ਕਿਸੇ ਹੋਰ ਨੂੰ ਦਈਂ, ਅਸੀਂ ਸ਼ਹੀਦੀ ਤੋਂ ਡਰਨ ਵਾਲੇ ਨਹੀਂ। ਅਸੀ ਕੌਮ ਤੋਂ ਕੁਰਬਾਨ ਹੋਣਾ ਚੰਗੀ ਤਰ੍ਹਾਂ ਜਾਣਦੇ ਹਾਂ।"

ਵਜ਼ੀਰ ਖਾਂ ਕਹਿਣ ਲੱਗਾ, ਜ਼ੋਰਾਵਰ ਸਿੰਘ, ਔਹ ਵੇਖ ਲੈ ਆਰੇ ਦੇ ਦੰਦੇ।"

ਤਾਂ ਅੱਗੋਂ ਜਵਾਬ ਸੀ, ਮਤੀ ਦਾਸ ਦੇ ਸਿਰ ਐ ਜ਼ਾਲਮ, ਇਹ ਦੰਦੇ ਅਜ਼ਮਾ ਕੇ ਵੇਖ ਲਏ ਨੇ।"

ਵਜ਼ੀਰ ਖਾਂ ਫਿਰ ਕਹਿਣ ਲੱਗਾ, ਸੋਚ ਫਤਹਿ ਸਿੰਘ ਸੋਚ, ਨਹੀਂ ਤਾਂ ਮੱਛੀ ਵਾਂਗੂ ਲੋਹ 'ਤੇ ਤਲਸਾਂ।" ਤਾਂ ਅੱਗੋਂ ਜਵਾਬ ਸੀ, ਓਏ ਮੇਰੇ ਬਾਬੇ ਅਰਜਨ ਨੇ, ਇਸ 'ਤੇ ਵੀ ਅੰਗ ਤੁਲਵਾ ਕੇ ਦੇਖ ਲਏ ਨੇ ।"

ਤਾਂ ਵਜ਼ੀਰ ਖਾਂ ਕਹਿਣ ਲੱਗਾ, ਜ਼ੋਰਾਵਰ ਸਿੰਘ ਦੇਗਾਂ ਵਿੱਚ ਆਲੂਆਂ ਵਾਗ ਉਬਾਲੇ ਜਾਸੋ ।"

ਅੱਗੋਂ ਜਵਾਬ ਆਇਆ, ਓਏ ਗੁਰਸਿੱਖੀ ਲਈ ਭਾਈ ਦਿਆਲੇ ਨੇ, ਕਈ ਉਬਾਲੇ ਖਾ ਕੇ ਦੇਖ ਲਏ ਨੇ।"

ਸ਼ਾਹਿਜ਼ਾਦੇ ਕਹਿਣ ਲੱਗੇ, ਤੂੰ ਜਿੰਨਾ ਮਰਜ਼ੀ ਜ਼ੁਲਮ ਕਰ ਲੈ, ਪਰ ਸਾਨੂੰ ਆਪਣੀ ਈਨ ਨਹੀਂ ਮੰਨਵਾ ਸਕਦਾ, ਅਸੀਂ ਕਿਸੇ ਵੀ ਹਾਲਤ ਵਿੱਚ ਸਿੱਖੀ ਨਹੀਂ ਛੱਡਾਂਗੇ ।"

ਹੁਣ ਦੂਸਰਾ ਤਰੀਕਾ ਵਰਤਿਆ ਜਾਣ ਲੱਗਾ ਅਤੇ ਵਜ਼ੀਰ ਖਾਂ ਗੁਰੂ ਕੇ ਲਾਲਾਂ ਨੂੰ ਲਾਲਚ ਦੇ ਕੇ ਕਹਿਣ ਲੱਗਾ, ਕਿ ਤੁਹਾਨੂੰ ਤਖ਼ਤ ਤੇ ਤਾਜ ਮਿਲੇਗਾ । ਤਾਂ ਅੱਗੋਂ ਜੁਆਬ ਸੀ,

ਜੁੱਤੀ ਦੀ ਇੱਕ ਠੋਕਰ ਨਾਲ ਤਖ਼ਤ ਤੇ ਤਾਜ ਠੁਕਰਾ ਸਕਦੇ ਹਾਂ,

ਨੀਂਹਾਂ ਵਿੱਚ ਚਿਣਵਾ ਕੇ ਆਪਾ, ਰੋਮ-ਰੋਮ ਮੁਸਕਰਾ ਸਕਦੇ ਹਾਂ ।"

ਅੰਤ ਵਜ਼ੀਰ ਖਾਂ ਨੇ ਜਦ ਸਾਰੇ ਤਰੀਕੇ ਵਰਤ ਲਏ ਤਾਂ ਕਾਜ਼ੀ ਨਾਲ ਸਲਾਹ ਕਰਕੇ ਫ਼ਤਵਾ ਦੇ ਦਿੱਤਾ ਗਿਆ ਕਿ ਇਹਨਾਂ ਨੂੰ ਨੀਂਹਾਂ ਵਿੱਚ ਚਿਣ ਦਿੱਤਾ ਜਾਵੇ। ਇੱਕ ਵਾਰ ਫਿਰ ਵਜ਼ੀਰ ਖਾਂ ਨੇ ਜੱਲਾਦਾਂ ਦੇ ਜ਼ਰੀਏ ਲਾਲਾਂ ਨੂੰ ਡਰਾ ਕੇ ਸਿੱਖੀ ਤਿਆਗਣ ਲਈ ਕਿਹਾ। ਜੱਲਾਦ ਕਹਿਣ ਲੱਗੇ ਬੱਚਿਉ, ਤੁਸੀਂ ਮਾਸੂਮ ਜਿੰਦਾਂ ਹੋ, ਵਜ਼ੀਰ ਖਾਂ ਦਾ ਆਖਾ ਮੰਨ ਲਉ, ਅੱਗੋਂ ਕਹਿਣ ਲੱਗੇ ਅਸੀਂ ਖਾਨਦਾਨੀ ਜੱਲਾਦ ਹਾਂ, ਤੁਹਾਡੇ ਵਰਗੇ ਕਈ ਮਾਰ ਛੱਡੇ ਹਨ। ਧਰਮ ਨੂੰ ਛੱਡ ਦਿਉ ਤਾਂ ਤੁਹਾਡੀ ਜਾਨ ਬਖਸ਼ ਦਿੱਤੀ ਜਾਵੇਗੀ। ਸਾਹਿਬਜ਼ਾਦੇ ਜੋਸ਼ ਵਿੱਚ ਆ ਕੇ ਕਹਿਣ ਲੱਗੇ, ਤੁਸੀਂ ਵੀ ਸਾਡੀ ਇੱਕ ਗੱਲ ਕੰਨ ਖੋਲ੍ਹ ਕੇ ਸੁਣ ਲਵੋ, ਜੇ ਤੁਸੀਂ ਖ਼ਾਨਦਾਨੀ ਜੱਲਾਦ ਹੋ ਨਾ, ਤਾਂ ਫਿਰ ਅਸੀਂ ਵੀ ਖ਼ਾਨਦਾਨੀ ਸ਼ਹੀਦ ਹਾਂ। ਤੁਸੀਂ ਚੁੱਪ ਕਰਕੇ ਆਪਣਾ ਕੰਮ ਕਰੀ ਜਾਵੋ। ਅਤੇ ਹੱਸਦਿਆਂ-ਹੱਸਦਿਆਂ ਦੋਵੇਂ 7 ਤੇ 9 ਸਾਲ ਦੇ ਮਾਸੂਮ ਪਰ ਵੱਡੇ ਕਾਰਨਾਮੇ ਕਰਨ ਵਾਲੇ ਗੁਰੂ ਗੋਬਿੰਦ ਸਿੰਘ ਜੀ ਦੇ ਲੱਖਤੇ ਜਿਗਰ ਸ਼ਹੀਦੀਆਂ ਪਾ ਗਏ ਪਰ ਜ਼ਾਲਮ ਸਰਕਾਰ ਅਤੇ ਸਿੱਖੀ ਦੇ ਦੁਸ਼ਮਣਾਂ ਦੀ ਗੱਲ ਨਹੀਂ ਮੰਨੀ ਅਤੇ ਉਨ੍ਹਾਂ ਦਾ ਸੁਪਨਾ ਪੂਰਾ ਨਾ ਹੋਣ ਦਿੱਤਾ।

- 31.12.18 **ਨਵੇ ਸਾਲ ਦੇ ਸਬੰਧ ਵਿੱਚ ਸ਼ਾਮ ਨੂੰ 6.00 ਵੱਜੇ ਤੋਂ 12.00 ਵੱਜੇ ਤੱਕ ਸ਼ਪੈਸ਼ਲ ਦੀਬਾਨ ਸੱਜਣਗੇ।**
- 5.1.2019 **ਗੁਰੂ ਗੋਬਿੰਦ ਸਿੰਘ ਜੀ ਦਾ ਅਵਤਾਰ ਪੁਰਬ ਹੈ।**
- 6.1.2019 **ਗੁਰੂ ਗੋਬਿੰਦ ਸਿੰਘ ਜੀ ਦੇ ਅਵਤਾਰ ਪੁਰਬ ਦੇ ਸਬੰਧ ਵਿੱਚ ਕਵੀ ਦਰਬਾਰ ਹੋਣਗੇ।**